# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 16-02-2025**

ਨਵੀਂ ਦਿੱਲੀ ਰੇਲਵੇ ਸਟੇਸ਼ਨ 'ਤੇ ਬੀਤੀ ਦੇਰ ਰਾਤ ਭਗਦੜ ਮਚਣ ਕਾਰਨ 18 ਲੋਕਾਂ ਦੀ ਮੌਤ ਹੋ ਗਈ ਏ ਤੇ ਕਈ ਜ਼ਖਮੀ ਹੋ ਗਏ ਨੇ। ਅਧਿਕਾਰੀਆਂ ਨੇ ਦੱਸਿਆ ਕਿ ਪ੍ਰਯਾਗਰਾਜ ਜਾਣ ਵਾਲੀਆਂ ਰੇਲਗੱਡੀਆਂ ਵਿੱਚ ਚੜ੍ਹਨ ਦੀ ਉਡੀਕ ਕਰ ਰਹੇ ਯਾਤਰੀਆਂ ਦੀ ਭੀੜ ਵਧਣ ਕਾਰਨ ਭਗਦੜ ਮਚੀ।ਰਾਸ਼ਟਰਪਤੀ ਦਰੋਪਦੀ ਮੁਰਮੂ ਤੇ ਪ੍ਰਧਾਨ ਮੰਤਰੀ ਨਰੇਂਦੇਰ ਮੋਦੀ ਸਮੇਤ ਕਈ ਆਗੂਆਂ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਉਹ ਭਗਦੜ ਵਿੱਚ ਹੋਏ ਜਾਨੀ ਨੁਕਸਾਨ ਬਾਰੇ ਜਾਣ ਕੇ ਬਹੁਤ ਦੁਖੀ ਨੇ। ਉਨ੍ਹਾਂ ਦੁਖੀ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਤੇ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਪ੍ਰਾਰਥਨਾ ਕੀਤੀ। ਸ੍ਰੀ ਮੋਦੀ ਨੇ ਕਿਹਾ ਕਿ ਉਹ ਭਗਦੜ ਵਿਚ ਜਾਨ ਗਵਾਉਣ ਵਾਲੇ ਲੋਕਾਂ ਦੇ ਪਰਿਵਾਰਾਂ

ਨਾਲ ਹਮਦਰਦੀ ਪਰਗਟ ਕਰਦੇ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਕੇਂਦਰੀ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਸਥਿਤੀ ਹੁਣ ਕਾਬੂ ਵਿੱਚ ਏ।

---------------------------------------------------------------

ਅਮਰੀਕਾ ਤੋਂ 116 ਗੈਰ-ਕਾਨੂੰਨੀ ਪ੍ਰਵਾਸੀ ਭਾਰਤੀਆਂ ਨੂੰ ਲੈ ਕੇ ਇਕ ਵਿਸ਼ੇਸ਼ ਉਡਾਣ ਬੀਤੀ ਦੇਰ ਰਾਤ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮ ਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਪਹੁੰਚੀ। ਇਨ੍ਹਾਂ ਵਿਚ 65 ਪੰਜਾਬ ਤੋਂ, 33 ਹਰਿਆਣਾ ਤੋਂ ਅਤੇ ਬਾਕੀ ਗੁਜਰਾਤ, ਉੱਤਰ ਪ੍ਰਦੇਸ਼, ਗੋਆ, ਮਹਾਰਾਸ਼ਟਰ, ਰਾਜਸਥਾਨ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੇ ਨੇ। ਸਾਡੇ ਜਲੰਧਰ ਦੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਨੇ ਹਵਾਈ ਅੱਡੇ 'ਤੇ ਸਾਰੇ ਪ੍ਰਬੰਧ ਕੀਤੇ ਹੋਏ ਸਨ, ਜਿੱਥੇ ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ deport ਹੋ ਕੇ ਆਏ ਨੌਜਵਾਨਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਸੂਬਾ ਸਰਕਾਰ ਉਨ੍ਹਾਂ ਦੇ ਭਵਿੱਖ ਲਈ ਹਰ ਤਰ੍ਹਾਂ ਦੀ ਮਦਦ ਕਰੇਗੀ। ਇਸ ਮੌਕੇ

ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੀ ਮੌਜੂਦ ਸਨ । ਹਲਕਿਆਂ ਮੁਤਾਬਿਕ ਦੇਸ਼ ਵਾਪਿਸ ਭੇਜੇ ਗਏ ਜ਼ਿਆਦਾਤਰ ਵਿਅਕਤੀ 18 ਤੋਂ 30 ਸਾਲ ਦੀ ਉਮਰ ਦੇ ਨੇ ।

---------------------------------------------------------------------

ਪੰਜਾਬ ਪੁਲਿਸ ਦੇ ਐਨ. ਆਰ. ਆਈ. ਮਾਮਲੇ ਵਿੰਗ ਨੇ ਗੈਰ-ਕਾਨੂੰਨੀ ਇਮੀਗ੍ਰੇਸ਼ਨ ਘੁਟਾਲੇ ਵਿਚ ਸ਼ਾਮਲ ਚਾਰ ਮੁਲਜ਼ਮਾਂ ਵਿਚੋਂ ਇਕ ਟ੍ਰੈਵਲ ਏਜੰਟ ਅਨਿਲ ਬੱਤਰਾ ਨੂੰ ਗ੍ਰਿਫ਼ਤਾਰ ਕੀਤਾ ਏ । ਜ਼ਿਕਰਯੋਗ ਏ ਕਿ ਪੰਜਾਬ ਪੁਲੀਸ ਮੁਖੀ ਡੀ. ਜੀ. ਪੀ. ਗੌਰਵ ਯਾਦਵ ਵਲੋਂ ਗੈਰ-ਕਾਨੂੰਨੀ ਇਮੀਗ੍ਰੇਸ਼ਨ ਗਤੀਵਿਧੀਆਂ ਵਿੱਚ ਸ਼ਾਮਲ ਧੋਖੇਬਾਜ਼ ਟਰੈਵਲ ਏਜੰਟਾਂ ਵਿਰੁੱਧ ਸ਼ਿਕਾਇਤਾਂ ਦੀ ਜਾਂਚ ਲਈ ਗਠਿਤ ਚਾਰ ਮੈਂਬਰੀ ਐਸ. ਆਈ. ਟੀ. ਦੇ ਨਿਰਦੇਸ਼ਾਂ ’ਤੇ ਕਾਰਵਾਈ ਕਰਦਿਆਂ ਦੋਸ਼ੀ ਅਨਿਲ ਬੱਤਰਾ ਨੂੰ ਪਟਿਆਲਾ ਦੇ ਐਸ.ਪੀ. ਗੁਰਬੰਸ ਸਿੰਘ ਬੈਂਸ ਦੀ ਨਿਗਰਾਨੀ ਹੇਠ ਗ੍ਰਿਫ਼ਤਾਰ ਕੀਤਾ ਗਿਆ ਏ ।

---------------------------------------------------------------------

ਅਮਰੀਕਾ ਤੋਂ ਬੀਤੇ ਦਿਨ ਡਿਪੋਰਟ ਹੋਏ ਪਟਿਆਲਾ ਦੇ 2 ਨੌਜਵਾਨਾਂ ਨੂੰ

ਪੁਲਿਸ ਨੇ ਗ੍ਰਿਫਤਾਰ ਕਰ ਲਿਆ ਏ। ਦੱਸ ਦੇਈਏ ਕਿ ਸੰਦੀਪ ਤੇ ਪ੍ਰਦੀਪ ਬੀਤੇ ਦਿਨੀਂ ਅਮਰੀਕਾ ਤੋਂ ਡਿਪੋਰਟ ਹੋ ਕੇ ਆਏ ਸਨ। ਦੱਸਿਆ ਜਾ ਰਿਹਾ ਏ ਕਿ ਦੋਵੇਂ ਰਾਜਪੁਰਾ ਵਿੱਚ ਕਤਲ ਕੇਸ ਵਿਚ ਭਗੌੜੇ ਸਨ। ਇਹਨਾਂ ਦਾ ਕ੍ਰਿਮੀਨਲ ਰਿਕਾਰਡ ਸਾਹਮਣੇ ਆਉਣ ਤੋਂ ਬਾਅਦ ਪਟਿਆਲਾ ਪੁਲਿਸ ਨੇ ਉਨ੍ਹਾਂ ਦੋਵਾਂ ਨੂੰ ਆਪਣੀ ਹਿਰਾਸਤ 'ਚ ਲੈ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਏ।

--------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਨੇ ਦੱਸਿਆ ਏ ਕਿ ਤਰਨ ਤਾਰਨ, ਡੇਰਾ ਬਾਬਾ ਨਾਨਕ ਅਤੇ ਤਲਵਾੜਾ ਦੀਆਂ ਨਗਰ ਕੌਂਸਲ ਚੋਣਾਂ 2 ਮਾਰਚ ਨੂੰ ਕਰਵਾਈਆਂ ਜਾਣਗੀਆਂ। ਵੋਟਾਂ ਸਵੇਰੇ 7 ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ ਤੇ ਉਸੇ ਦਿਨ ਹੀ ਵੋਟਾਂ ਦੀ ਗਿਣਤੀ ਹੋਵੇਗੀ। ਇਸ ਸਬੰਧੀ ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਦੱਸਿਆ ਕਿ ਕਮਿਸ਼ਨ ਵਲੋਂ ਚੋਣਾਂ ਸਬੰਧੀ ਨੋਟੀਫਿਕੇਸ਼ਨ ਕੱਲ 17 ਫ਼ਰਵਰੀ ਨੂੰ ਜਾਰੀ ਕੀਤਾ ਜਾਵੇਗਾ। ਚੋਣ ਕਮਿਸ਼ਨ ਵਲੋਂ ਤਰਨ ਤਾਰਨ, ਗੁਰਦਾਸਪੁਰ ਤੇ ਹੁਸ਼ਿਆਰਪੁਰ ਜ਼ਿਲਿਆਂ ਦੇ ਜ਼ਿਲ੍ਹਾ ਚੋਣ

ਅਧਿਕਾਰੀਆਂ ਨੂੰ ਆਜ਼ਾਦ ਤੇ ਨਿਰਪੱਖ ਚੋਣਾਂ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਨੇ ।

---------------------------------------------------

ਸੀਮਾ ਸੁਰੱਖਿਆ ਬਲ (BSF) ਨੇ ਨਸ਼ੀਲੇ ਪਦਾਰਥਾਂ ਵਿਰੋਧੀ ਟਾਸਕ ਫੋਰਸ (ANTF) ਨਾਲ ਤਾਲਮੇਲ ਕਰਕੇ ਬੀਤੀ ਸ਼ਾਮ ਅੰਮ੍ਰਿਤਸਰ ਅਤੇ ਤਰਨਤਾਰਨ ਸਰਹੱਦੀ ਇਲਾਕੇ ਵਿਖੇ ਦੋ ਵੱਖ-ਵੱਖ ਘਟਨਾਵਾਂ ਵਿੱਚ 2 ਤਸਕਰਾਂ ਨੂੰ 2 ਕਿਲੋਗ੍ਰਾਮ ਨਸ਼ੀਲੇ ਪਦਾਰਥਾਂ ਦੀ ਖੇਪ ਸਮੇਤ ਕਾਬੂ ਕੀਤਾ ਏ ।ਖੁਫੀਆ ਸੂਹ ਦੇ ਅਧਾਰ 'ਤੇ ਕਾਰਵਾਈ ਕਰਦਿਆਂ ਬੀ.ਐਸ.ਐਫ ਅਤੇ ਏ.ਐਨ.ਟੀ.ਐਫ ਵੱਲੋਂ ਅੰਮ੍ਰਿਤਸਰ ਦੇ ਸਰਹੱਦੀ ਇਲਾਕੇ ਅਜਨਾਲਾ ਵਿਖੇ ਕੀਤੀ ਗਈ ਛਾਪੇਮਾਰੀ ਦੌਰਾਨ ਇੱਕ ਸ਼ੱਕੀ ਵਿਅਕਤੀ ਨੂੰ 1 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਦੇ 2 ਪੈਕਟਾਂ ਸਮੇਤ ਕਾਬੂ ਕੀਤਾ ਗਿਆ ।ਇਸੇ ਤਰ੍ਹਾਂ ਤਰਨ ਤਾਰਨ ਦੇ ਸਰਹੱਦੀ ਪਿੰਡ ਖਾਲੜਾ ਵਿੱਚ ਇੱਕ ਹੋਰ ਕਾਰਵਾਈ ਵਿੱਚ, ਬੀਐਸਐਫ ਨੇ ਇੱਕ ਡਰੋਨ ਨੂੰ ਰੋਕਿਆ ਅਤੇ ਡਰੋਨ ਡਰਾਪਿੰਗ ਜ਼ੋਨ ਵਿੱਚ ਘੁੰਮਦੇ ਇੱਕ ਸ਼ੱਕੀ ਵਿਅਕਤੀ

ਨੂੰ ਦੇਖਿਆ ਜੋ ਕਿ ਖੇਪ ਨੂੰ ਲੈਣ ਲਈ ਉੱਥੇ ਆਇਆ ਸੀ। ਉਸ ਨੂੰ 2 ਪੈਕਟਾਂ ਸਮੇਤ 1 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਸਮੇਤ ਕਾਬੂ ਕੀਤਾ ਗਿਆ।

-----------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਕਾਲੀਆ ਦੇ ਸਾਬਕਾ ਸਰਪੰਚ ਹਰਜੀਤ ਸਿੰਘ ਤੇ ਪਿੰਡ ਸਕੱਤਰਾ ਦੇ ਮਨਜੀਤ ਸਿੰਘ ਨੂੰ ਹੜ੍ਹਾਂ ਤੋਂ ਪ੍ਰਭਾਵਿਤ ਕਿਸਾਨਾਂ ਤੇ ਹੋਰਾਂ ਲਈ ਮੁਆਵਜ਼ਾ ਫੰਡਾਂ ਵਿਚੋਂ 20 ਲੱਖ ਰੁਪਏ ਦਾ ਗਬਨ ਕਰਨ ਦੇ ਦੋਸ਼ ਵਿਚ ਗ੍ਰਿਫ਼ਤਾਰ ਕੀਤਾ ਏ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਪਾਇਆ ਗਿਆ ਕਿ ਉਕਤ ਮੁਲਜ਼ਮਾਂ ਨੇ ਬੈਂਕ ਕਰਮਚਾਰੀਆਂ ਦੀ ਮਿਲੀਭੁਗਤ ਨਾਲ ਪਿੰਡ ਵਿਚ ਫਸਲਾਂ ਆਦਿ ਨੂੰ ਹੋਏ ਨੁਕਸਾਨ ਲਈ ਮੁਆਵਜ਼ੇ ਵਜੋਂ ਮਨਜ਼ੂਰ ਕੀਤੇ 30 ਲੱਖ ਰੁਪਏ ਵਿਚੋਂ 20 ਲੱਖ ਤੋਂ ਵੱਧ ਰੁਪਏ ਦਾ ਗਬਨ ਕੀਤਾ ਏ । ਦੋਵਾਂ ਮੁਲਾਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਅੰਮ੍ਰਿਤਸਰ ਰੇਂਜ ਦੇ ਥਾਣੇ ਵਿਚ ਮੁਕੱਦਮਾ ਦਰਜ ਕਰ ਲਿਆ ਏ ।

----------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪਠਾਨਕੋਟ ਦੇ ਵਿਧਾਨ ਸਭਾ ਹਲਕਾ ਭੋਆ ਦੀਆਂ 48 ਨਵੀਆਂ ਪੰਚਾਇਤਾਂ ਨੂੰ ਕਰੀਬ 2.50 ਕਰੋੜ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਤਕਸੀਮ ਕੀਤੇ। ਪਿੰਡ ਕਟਾਰੂਚੱਕ ਵਿਖੇ ਕਰਵਾਏ ਸਮਾਗਮ ਦੌਰਾਨ ਸ੍ਰੀ ਕਟਾਰੂਚੱਕ ਨੇ ਕਿਹਾ ਕਿ ਸੂਬਾ ਸਰਕਾਰ ਨੇ 2022 ਵਿਚ ਸੱਤਾ ਸੰਭਾਲਣ ਤੋਂ ਲੈ ਕੇ ਹੁਣ ਤੱਕ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਏ। ਉਨ੍ਹਾਂ ਕਿਹਾ ਕਿ ਨਵੀਆਂ ਬਣੀਆਂ ਪੰਚਾਇਤਾਂ ਦੀਆਂ ਮੰਗਾਂ ਦੇ ਆਧਾਰ ’ਤੇ ਇਹ ਗ੍ਰਾਂਟਾਂ ਬਿਨਾਂ ਕਿਸੇ ਪੱਖਪਾਤ ਤੋਂ ਪਿੰਡਾਂ ਦੇ ਵਿਕਾਸ ਲਈ ਦਿੱਤੀਆਂ ਗਈਆਂ ਨੇ। ਉਨ੍ਹਾਂ ਪੰਚਾਇਤ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਰਾਸ਼ੀ ਦੀ ਸੁਚੱਜੀ ਵਰਤੋਂ ਯਕੀਨੀ ਬਣਾਉਣ। ਉਨ੍ਹਾਂ ਭਰੋਸਾ ਦਿਵਾਇਆ ਕਿ ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।